SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 231 | Thursday, 19 December 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਵੀ ਪੜ੍ਹ ਸਕਦੇ ਹੋ




# ਸਕਾਰਬੋਰੋ 'ਚ ਚੱਲੀ ਗੋਲੀ, 2 ਲੋਕ ਜ਼ਖ਼ਮੀ




ਟੋਰਾਂਟੋ, 18 ਦਸੰਬਰ (ਪੋਸਟ ਬਿਊਰੋ): ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਸਕਾਰ-ਬੋਰੋ ਵਿੱਚ ਗੋਲੀਬਾਰੀ ਵਿੱਚ ਦੋ ਲੋਕ ਜ਼ਖ਼ਮੀ ਹੋਏ ਹਨ। ਅਧਿਕਾਰੀਆਂ ਨੂੰ ਕਿੰਗਸਟਨ ਰੋਡ ਦੇ ਪੱਛਮ ਵਿੱਚ ਲਾਰੇਂਸ ਏਵੇਨਿਊ ਈਸਟ ਅਤੇ ਆਰਟਨ ਪਾਰਕ ਰੋਡ ਦੇ ਇਲਾਕੇ ਵਿੱਚ ਸ਼ਾਮ ਕਰੀਬ 7:20 ਵਜੇ ਗੋਲੀਆਂ ਚੱਲਣ ਦੀ ਸੂਚਨਾ ਮਿਲੀ।

ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਦੋ ਲੋਕ ਗੰਭੀਰ ਜਲਖਮੀ ਹਾਲਤ ਵਿਚ ਮਿਲੇ। ਪੀੜਤਾਂ ਨੂੰ ਹਸਪਤਾਲ ਲਿਜਾਇਆ ਗਿਆ ਹੈ। ਕੋਈ ਹੋਰ ਜਾਣਕਾਰੀ ਉਪਲੱਬਧ ਨਹੀਂ ਹੈ ਪਰ ਪੁਲਿਸ ਨੇ ਕਿਹਾ ਕਿ ਇੱਕ ਲਾਈਟ ਰੰਗ ਦਾ ਵਾਹਨ ਇਲਾਕੇ ਵਿਚੋਂ ਜਾਂਦਾ ਹੋਇਆ ਵੇਖਿਆ ਗਿਆ ਸੀ।

# ਅਜੀਤ ਡੋਵਾਲ ਨੇ ਚੀਨੀ ਵਿਦੇਸ਼ ਮੰਤਰੀ ਨਾਲ ਕੀਤੀ ਮੁਲਾਕਾਤ, ਸਰਹੱਦ 'ਤੇ ਸ਼ਾਂਤੀ ਅਤੇ ਸਬੰਧਾਂ ਦੀ ਬਹਾਲੀ ਬਾਰੇ ਕੀਤੀ ਗੱਲਬਾਤ

ਬੀਜਿੰਗ, 18 ਦਸੰਬਰ (ਪੋਸਟ ਬਿਊਰੋ): ਚੀਨ ਦੇ ਦੌਰੇ 'ਤੇ ਗਏ ਐੱਨਐੱਸਏ ਅਜੀਤ ਡੋਭਾਲ ਨੇ ਬੁੱਧਵਾਰ ਨੂੰ ਬੀਜਿੰਗ 'ਚ ਚੀਨ ਦੇ ਵਿਦੇਸ਼ ਮੰਤਰੀ ਵਾਂਗ ਯੀ ਨਾਲ ਮੁਲਾਕ-ਾਤ ਕੀਤੀ। ਦੋਨਾਂ ਵਿਚਾਲੇ ਮੁਲਾਕਾਤ ਦੌਰਾਨ ਕੰਟਰੋਲ ਰੇਖਾ (ਐੱਲ.ਏ.ਸੀ.) 'ਤੇ ਸ਼ਾਂਤੀ ਅਤੇ ਸਥਿਰਤਾ ਬਣਾਈ ਰੱਖਣ ਅਤੇ ਚਾਰ ਸਾਲਾਂ ਤੋਂ ਰੁਕੇ ਹੋਏ ਦੁਵੱਲੇ ਸਬੰਧਾਂ ਨੂੰ ਬਹਾਲ ਕਰਨ ਸਮੇਤ ਕਈ ਮੁੱਦਿਆਂ 'ਤੇ ਚਰਚਾ ਹੋਈ।

ਦੋਨਾਂ ਵਿਚਾਲੇ ਮੁਲਾਕਾਤ ਭਾਰਤੀ ਸਮੇਂ ਅਨੁਸਾਰ ਸਵੇਰੇ 8 ਵਜੇ ਸ਼ੁਰੂ ਹੋਈ। ਬੈਠਕ ਤੋਂ ਬਾਅਦ ਚੀਨ ਨੇ ਕਿਹਾ ਕਿ ਉਹ ਭਾਰਤ ਨਾਲ ਕੀਤੇ ਗਏ ਸਮਝੌਤਿਆਂ ਨੂੰ ਲਾਗੂ ਕਰੇਗਾ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਲਿਨ ਜਿਆਨ ਨੇ ਕਿਹਾ ਕਿ ਚੀਨ ਇਮਾਨਦਾਰੀ ਨਾਲ



ਮਤਭੇਦਾਂ ਨੂੰ ਸੁਲਝਾਉਣ ਲਈ ਤਿਆਰ ਹੈ।

ਡੋਭਾਲ 17 ਅਕਤੂਬਰ ਨੂੰ ਭਾਰਤ ਅਤੇ ਚੀਨ ਵਿਚਾਲੇ 23ਵੀਂ ਵਿਸ਼ੇਸ਼ ਪ੍ਰਤੀਨਿਧੀ ਪੱਧਰ ਦੀ ਬੈਠਕ ਵਿਚ ਸ਼ਾਮਿਲ ਹੋਣ ਲਈ ਪਹੁੰਚੇ ਸਨ। ਡੋਭਾਲ ਨਾਲ ਭਾਰਤੀ ਵਫ਼ਦ ਵੀ ਮੌਜੂਦ ਸੀ। ਭਾਰਤ ਅਤੇ ਚੀਨ ਵਿਚਾਲੇ ਇਸ ਸਾਲ ਅਕਤੂਬਰ 'ਚ ਸਰਹੱਦੀ ਵਿਵਾਦ ਨੂੰ ਸੁਲਝਾਉਣ ਲਈ ਸਮਝੌਤਾ ਹੋਇਆ ਸੀ। ਇਸ ਲਈ ਦੋਨਾਂ ਦੇਸ਼ਾਂ ਨੇ ਅਜੀਤ ਡੋਭਾਲ ਅਤੇ ਵਾਂਗ ਯੀ ਨੂੰ ਵਿਸ਼ੇਸ਼ ਪ੍ਰਤੀਨਿਧੀ ਬਣਾਇਆ ਸੀ।

2019 ਤੋਂ ਬਾਅਦ ਇਹ ਪਹਿਲਾ ਮੌਕਾ ਹੈ ਜਦੋਂ ਕੋਈ ਸੀਨੀਅਰ ਭਾਰਤੀ ਅਧਿਕਾਰੀ ਚੀਨ ਦਾ ਦੌਰਾ ਕਰ ਰਿਹਾ ਹੈ। ਇਸ ਤੋਂ ਪਹਿਲਾਂ 2019 ਵਿੱਚ ਵਿਦੇਸ਼ ਮੰਤਰੀ ਜੈਸ਼ੰਕਰ ਨੇ ਬੀਜਿੰਗ ਦਾ ਦੌਰਾ ਕੀਤਾ ਸੀ।

# ਟਰੰਪ ਨੇ ਫਿਰ ਕਿਹਾ- ਭਾਰਤ ਜਿੰਨਾ ਟੈਰਿਫ ਲਗਾਏਗਾ, ਅਸੀਂ ਵੀ ਲਗਾਵਾਂਗੇ

ਵਾਸ਼ਿੰਗਟਨ, 18 ਦਸੰਬਰ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਕ ਵਾਰ ਫਿਰ ਭਾਰਤ 'ਤੇ ਟੈਰਿਫ ਵਧਾਉਣ ਦੀ ਧਮਕੀ ਦਿੱਤੀ ਹੈ। ਟਰੰਪ ਨੇ ਮੰਗਲਵਾਰ ਨੂੰ ਕਿਹਾ ਕਿ ਜੇਕਰ ਭਾਰਤ ਅਮਰੀਕਾ 'ਤੇ ਟੈਰਿਫ ਲਗਾਏਗਾ ਤਾਂ ਜਵਾਬ 'ਚ ਅਸੀਂ ਵੀ ਭਾਰਤ 'ਤੇ ਬਰਾਬਰ ਟੈਰਿਫ ਲਗਾਵਾਂਗੇ। ਟਰੰਪ ਨੇ ਕਿਹਾ ਕਿ ਭਾਰਤ ਅਤੇ ਬ੍ਰਾਜ਼ੀਲ ਉਨ੍ਹਾਂ ਦੇਸ਼ਾਂ 'ਚ ਸ਼ਾਮਿਲ ਹਨ, ਜੋ ਅਮਰੀਕੀ ਸਾਮਾਨ 'ਤੇ ਸਭ ਤੋਂ ਜ਼ਿਆਦਾ ਟੈਰਿਫ ਲਗਾਉਂਦੇ ਹਨ।



ਟਰੰਪ ਨੇ ਕਿਹਾ ਕਿ ਜੇਕਰ ਅਸੀਂ ਉਨ੍ਹਾਂ ਨੂੰ ਕੋਈ ਸਾਮਾਨ ਭੇਜਦੇ ਹਾਂ ਤਾਂ ਉਹ ਉਸ 'ਤੇ 100 ਫੀਸਦੀ ਅਤੇ 200 ਫੀਸਦੀ ਟੈਰਿਫ ਲਗਾ ਦਿੰਦੇ ਹਨ। ਜੇਕਰ ਉਹ ਟੈਰਿਫ ਲਗਾਉਣਾ ਚਾਹੁੰਦੇ ਹਨ ਤਾਂ ਠੀਕ ਹੈ, ਅਸੀਂ ਉਨ੍ਹਾਂ 'ਤੇ ਵੀ ਬਰਾਬਰ ਟੈਰਿਫ ਲਗਾਵਾਂਗੇ। ਟਰੰਪ ਤੋਂ ਇਲਾਵਾ ਉਨ੍ਹਾਂ ਦੇ ਪ੍ਰਸ਼ਾਸਨ 'ਚ ਵਣਜ ਸਕੱਤਰ ਹਾਵਰਡ ਲੁਟਨਿਕ ਨੇ ਕਿਹਾ ਕਿ ਤੁਸੀਂ ਸਾਡੇ ਨਾਲ ਜਿਸ ਤਰ੍ਹਾਂ ਦਾ ਵਿਵਹਾਰ ਕਰਦੇ ਹੋ, ਤੁਹਾਡੇ ਨਾਲ ਵੀ ਅਜਿਹਾ ਹੀ ਕੀਤਾ ਜਾਵੇਗਾ।

ਸੱਤਾ ਛੱਡਣ ਵਾਲੇ ਬਾਇਡਨ ਪ੍ਰਸ਼ਾਸਨ ਨੇ ਕਿਹਾ ਹੈ ਕਿ ਉਹ ਭਾਰਤ ਨਾਲ ਅਮਰੀਕਾ ਦੇ ਸਬੰਧਾਂ ਨੂੰ ਮਜ਼ਬੂਤ ਸਥਿਤੀ 'ਚ ਛੱਡ ਰਹੇ ਹਨ। ਬਾਇਡਨ ਸਰਕਾਰ ਦੇ ਉਪ ਵਿਦੇਸ਼ ਮੰਤਰੀ ਕਰਟ ਕੈਂਪਬੇਲ ਨੇ ਮੰਗਲਵਾਰ ਨੂੰ ਇਕ ਸੰਮੇਲਨ ਦੌਰਾਨ ਕਿਹਾ ਕਿ ਸਾਨੂੰ ਉਮੀਦ ਹੈ ਕਿ ਡੋਨਾਲਡ ਟਰੰਪ ਦੇ ਰਾਸ਼ਟਰਪਤੀ ਦੇ ਕਾਰਜਕਾਲ ਦੌਰਾਨ ਵੀ ਇਹ ਮਜ਼ਬੂਤ ਰਹਿਣਗੇ। ਟਰੰਪ ਭਾਰਤ ਨਾਲ ਸਬੰਧਾਂ ਨੂੰ ਅੱਗੇ ਲੈ ਕੇ ਜਾਣਗੇ।

ਕੈਂਪਬੇਲ ਨੇ ਕਿਹਾ ਕਿ ਅਸੀਂ ਉਦਯੋਗ, ਤਕਨਾਲਾਜੀ ਅਤੇ ਰੱਖਿਆ ਦੇ ਖੇਤਰ ਵਿੱਚ ਭਾਰਤ ਦੇ ਸਬੰਧਾਂ ਨੂੰ ਹੁਣ ਤੱਕ ਦੀ ਸਭ ਤੋਂ ਮਜ਼ਬੂਤ ਸਥਿਤੀ ਵਿੱਚ ਲੈ ਗਏ ਹਾਂ। ਦੋਵੇਂ ਦੇਸ਼ ਹੁਣ ਪੁਲਾੜ ਖੇਤਰ ਲਈ ਵੀ ਮਿਲ ਕੇ ਕੰਮ ਕਰ ਰਹੇ ਹਨ।

# ਨਾਸਾ ਨੇ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਦੀ ਵਾਪਸੀ ਨੂੰ ਫਿਰ ਕੀਤਾ ਮੁਲਤਵੀ, ਵਾਪਸੀ ਲਈ 2 ਮਹੀਨੇ ਹੋਰ ਲੱਗਣਗੇ

ਵਾਸ਼ਿੰਗਟਨ, 18 ਦਸੰਬਰ (ਪੋਸਟ ਬਿਊਰੋ): ਭਾਰਤੀ ਮੂਲ ਦੀ ਅਮਰੀਕੀ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਨੂੰ ਧਰਤੀ 'ਤੇ ਪਰਤਣ ਲਈ ਹੋਰ ਸਮਾਂ ਲੱਗ ਸਕਦਾ ਹੈ। ਨਾਸਾ ਨੇ ਮੰਗਲਵਾਰ ਨੂੰ ਕਿਹਾ ਕਿ ਹੁਣ ਪੁਲਾੜ ਯਾਤਰੀਆਂ ਨੂੰ ਘੱਟੋ-ਘੱਟ ਮਾਰਚ 2025 ਦੇ ਅੰਤ ਤੱਕ ਇੰਤਜ਼ਾਰ ਕਰਨਾ ਹੋਵੇਗਾ। ਇਹ ਮਿਤੀ ਅਪ੍ਰੈਲ ਦੀ ਸ਼ੁਰੂਆਤ ਤੱਕ ਵੀ ਵਧ ਸਕਦੀ ਹੈ।

ਨਾਸਾ ਦੇ ਅਧਿਕਾਰੀਆਂ ਮੁਤਾ-ਬਕ ਐਲਨ ਮਸਕ ਦੀ ਕੰਪਨੀ ਸਪੇਸਐਕਸ ਨੇ ਉਡਾਨ ਲਈ ਨਵਾਂ ਕੈਪਸੂਲ ਬਣਾਉਣਾ ਹੈ, ਜਿਸ 'ਚ ਸਮਾਂ ਲੱਗੇਗਾ। ਨਾਸਾ ਮੁਤਾਬਕ ਪੁਲਾੜ ਯਾਤਰੀਆਂ ਦੀ ਸੁਰੱਖਿਅਤ ਵਾਪਸੀ ਲਈ ਇੱਕ ਕੈਪਸੂਲ ਬਣਾਇਆ ਜਾ ਰਿਹਾ ਹੈ। ਇਹ ਕੰਮ ਮਾਰਚ ਦੇ ਅੰਤ ਤੱਕ ਪੂਰਾ ਕੀਤਾ ਜਾ ਸਕਦਾ ਹੈ, ਜਿਸ ਤੋਂ ਬਾਅਦ ਹੀ ਪੁਲਾੜ ਵਿੱਚ ਫਸੇ ਪੁਲਾੜ ਯਾਤਰੀਆਂ ਨੂੰ ਵਾਪਿਸ ਲਿਆਂਦਾ ਜਾ ਸਕੇਗਾ।



ਸੁਨੀਤਾ ਵਿਲੀਅਮਜ਼ 5 ਜੂਨ ਨੂੰ ਬੁਚ ਵਿਲਮੋਰ ਨਾਲ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਗਏ ਸਨ। ਉਨ੍ਹਾਂ ਦੀ ਯਾਤਰਾ ਸਿਰਫ 8 ਦਿਨਾਂ ਦੀ ਸੀ ਪਰ ਪੁਲਾੜ ਯਾਨ ਵਿੱਚ ਖਰਾਬੀ ਕਾਰਨ ਉਹ ਧਰਤੀ 'ਤੇ ਵਾਪਿਸ ਨਹੀਂ ਆ ਸਕੇ।

# ਸਪੀਕਰ ਸੰਧਵਾਂ ਦੀ ਅਗਵਾਈ ਵਿੱਚ ਗੁਰੂ ਨਾਨਕ ਮੋਦੀਖਾਨੇ ਵਿਖੇ ਪਹੁੰਚਾਈਆਂ ਜ਼ਰੂਰੀ ਵਸਤਾਂ

ਕੋਟਕਪੂਰਾ, 18 ਦਸੰਬਰ (ਗਿਆਨ ਸਿੰਘ): 'ਗੁੱਡ ਮੌਰਨਿੰਗ ਵੈਲਫੇਅਰ ਕਲੱਬ' ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਿੱਖਾਂ ਵਾਲਾ ਰੋਡ ਕੋਟਕਪੂਰਾ ਵਿਖੇ ਸਥਿਤ ਜੋਨਲ ਦਫਤਰ ਵਿੱਚ ਚਲਾਏ ਜਾ ਰਹੇ ਗੁਰੂ ਨਾਨਕ ਮੋਦੀਖਾਨਾ ਵਿੱਚ ਸਰਦੀ ਦੇ ਕੱਪੜੇ ਅਤੇ ਹੋਰ ਵਸਤੂਆਂ ਪਹੁੰਚਾਉਣ ਲਈ ਕਰਵਾਏ ਗਏ ਸਮਾਰੋਹ ਵਿੱਚ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ, ਚੇਅਰਮੈਨ ਪੱਪੂ ਲਹੌਰੀਆ, ਉਪ ਚੇਅਰਮੈਨ ਬਿੱਟਾ ਠੇਕੇਦਾਰ ਅਤੇ ਸਰਪ੍ਰਸਤ ਗੁਰਿੰਦਰ ਸਿੰਘ ਵੀ ਹਾਜ਼ਰ ਸਨ।

ਇਸ ਮੌਕੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਉਨ੍ਹਾਂ 1996 ਵਿੱਚ ਪਹਿਲੀਵਾਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਇਕ ਸ਼ਖਸ਼ੀਅਤ ਉਸਾਰੀ ਕੈਂਪ ਵਿੱਚ ਸ਼ਮੂਲੀਅਤ ਕੀਤੀ, ਜਿਸ ਨੇ ਉਨ੍ਹਾਂ ਦੀ ਜਿੰਦਗੀ ਤਬਦੀਲ ਕਰਕੇ ਰੱਖ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਨੌਜਵਾਨ ਪੀੜੀ ਨੂੰ ਸਮਾਜਿਕ ਕੁਰੀਤੀਆਂ ਤੋਂ ਬਚਾਉਣ ਦੀ ਜਰੂਰਤ ਹੈ, ਜਿਸ ਲਈ ਇਸ ਤਰਾਂ ਦੀਆਂ ਸੰਸਥਾਵਾਂ ਅਤੇ ਜਥੇਬੰਦੀਆਂ ਵੱਡਮੁੱਲੀਆਂ ਸੇਵਾਵਾਂ ਨਿਭਾਅ ਰਹੀਆਂ

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਅਸ਼ਵਿਨ ਨੇ ਅੰਤਰਰਾਸ਼ਟਰੀ ਕ੍ਰਿਕਟ ਤੋਂ ਲਿਆ ਸੰਨਿਆਸ



ਨਵੀਂ ਦਿੱਲੀ, 18 ਦਸੰਬਰ (ਪੋਸਟ ਬਿਊਰੋ): ਭਾਰਤੀ ਆਫ ਸਪਿਨਰ ਰਵੀਚੰਦਰਨ ਅਸ਼ਵਿਨ ਨੇ ਅੰਤਰਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈ ਲਿਆ ਹੈ। ਉਨ੍ਹਾਂ ਨੇ ਤਿੰਨੇ ਫਾਰਮੈਟਾਂ ਸਮੇਤ 287 ਮੈਚ ਖੇਡੇ ਅਤੇ 765 ਵਿਕਟਾਂ ਲਈਆਂ। ਅਸ਼ਵਿਨ ਭਾਰਤ ਦੇ ਦੂਜੇ ਸਭ ਤੋਂ ਵੱਧ ਵਿਕਟ ਲੈਣ ਵਾਲੇ ਗੇਂਦਬਾਜ਼ ਹਨ। ਉਨ੍ਹਾਂ ਤੋਂ ਅੱਗੇ ਸਿਰਫ ਅਨਿਲ ਕੁੰਬਲੇ ਹਨ, ਜਿਨ੍ਹਾਂ ਨੇ 953 ਵਿਕਟਾਂ ਲਈਆਂ ਹਨ।

38 ਸਾਲਾ ਅਸ਼ਵਿਨ ਨੇ ਗਾਬਾ ਟੈਸਟ ਖਤਮ ਹੁੰਦੇ ਹੀ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ। ਉਹ ਕਪਤਾਨ ਰੋਹਿਤ ਸ਼ਰਮਾ ਨਾਲ ਪ੍ਰੈੱਸ ਕਾਨਫਰੰਸ 'ਚ ਪਹੁੰਚੇ। ਉਨ੍ਹਾਂ ਨੇ ਕਿਹਾ ਕਿ ਭਾਰਤੀ ਟੀਮ ਦੇ ਕ੍ਰਿਕਟਰ ਵਜੋਂ ਅੱਜ ਮੇਰਾ ਆਖਰੀ ਦਿਨ ਸੀ। ਮੈਂ ਕਲੱਬ ਕ੍ਰਿਕਟ ਖੇਡਦਾ ਰਹਾਂਗਾ।

ਅਸ਼ਵਿਨ ਨੇ 2010 ਵਿੱਚ ਸ੍ਰੀਲੰਕਾ ਖਿਲਾਫ ਇੱਕ ਵੰਨਡੇ ਮੈਚ ਵਿੱਚ ਆਪਣਾ ਅੰਤਰਰਾਸ਼ਟਰੀ ਡੈਬਿਊ ਕੀਤਾ ਸੀ। ਉਨ੍ਹਾਂ ਨੇ ਟੈਸਟ ਕ੍ਰਿਕਟ 'ਚ 106 ਮੈਚਾਂ 'ਚ 537 ਵਿਕਟਾਂ ਲਈਆਂ। ਉਨ੍ਹਾਂ ਨੇ 37 ਵਾਰ ਪੰਜ ਵਿਕਟਾਂ ਆਪਣੇ ਨਾਂ ਕੀਤੀਆਂ ਹਨ ਅਤੇ 8 ਵਾਰ ਮੈਚ ਵਿੱਚ 10 ਵਿਕਟਾਂ ਲਈਆਂ ਹਨ। ਅਸ਼ਵਿਨ ਨੇ 156 ਵੰਨਡੇ ਵਿਕਟ ਵੀ ਲਏ। ਅਸ਼ਵਿਨ ਨੇ ਟੀ-20 'ਚ 72 ਵਿਕਟਾਂ ਲਈਆਂ ਹਨ।

ਇੱਕ ਬੱਲੇਬਾਜ਼ ਦੇ ਰੂਪ ਵਿੱਚ, ਅਸ਼ਵਿਨ ਨੇ ਟੈਸਟ ਕ੍ਰਿਕਟ ਵਿੱਚ 3503 ਦੌੜਾਂ ਬਣਾਈਆਂ ਅਤੇ ਕੁੱਲ 6 ਟੈਸਟ ਸੈਂਕੜੇ ਲਗਾਏ। ਉਨ੍ਹਾਂ ਨੇ ਪ੍ਰਸਟ ਕਲਾਸ ਕ੍ਰਿਕਟ 'ਚ ਕੁੱਲ 8 ਸੈਂਕੜੇ ਲਗਾਏ ਹਨ।

# ਰੂਸ ਨੇ ਕੈਂਸਰ ਦੀ ਵੈਕਸੀਨ ਬਣਾਈ, ਪੁਤਿਨ ਸਰਕਾਰ ਨੇ ਕਿਹਾ- 2025 ਤੋਂ ਲੋਕਾਂ ਨੂੰ ਮੁਫਤ ਲਗਾਈ ਜਾਵੇਗੀ

ਮਾਸਕੋ, 18 ਦਸੰਬਰ (ਪੋਸਟ ਬਿਊਰੋ): ਰੂਸ ਦੇ ਸਿਹਤ ਮੰਤਰਾਲੇ ਨੇ ਮੰਗਲਵਾਰ ਨੂੰ ਕਿਹਾ ਕਿ ਅਸੀਂ ਕੈਂਸਰ ਦੀ ਵੈਕਸੀਨ ਬਣਾਉਣ 'ਚ ਕਾਮਯਾਬ ਹੋਏ ਹਾਂ। ਇਹ ਜਾਣਕਾਰੀ ਰੂਸੀ ਸਿਹਤ ਮੰਤਰਾਲੇ ਦੇ ਰੇਡੀਓਲਾਜੀ ਮੈਡੀਕਲ ਰਿਸਰਚ ਸੈਂਟਰ ਦੇ ਡਾਇਰੈਕਟਰ ਆਂਦਰੇਈ ਕਾਪ੍ਰਿਨ ਨੇ ਰੇਡੀਓ 'ਤੇ ਦਿੱਤੀ। ਰੂਸੀ ਸਮਾਚਾਰ ਏਜੰਸੀ ਟੀਏਐੱਸਐੱਸ ਅਨੁਸਾਰ, ਇਹ ਟੀਕਾ ਅਗਲੇ ਸਾਲ ਤੋਂ ਰੂਸੀ ਲੋਕਾਂ ਨੂੰ ਮੁਫਤ ਲਗਾਇਆ ਜਾਵੇਗਾ।

ਡਾਇਰੈਕਟਰ ਆਂਦਰੇਈ ਨੇ ਦੱਸਿਆ ਕਿ ਰੂਸ ਨੇ ਕੈਂਸਰ ਖਿਲਾਫ ਆਪਣੀ ਐੱਮਆਰਐੱਨਏ ਵੈਕਸੀਨ ਵਿਕਸਿਤ ਕੀਤੀ ਹੈ। ਰੂਸ ਦੀ ਇਸ ਖੋਜ ਨੂੰ ਸਦੀ ਦੀ ਸਭ ਤੋਂ ਵੱਡੀ ਖੋਜ ਮੰਨਿਆ ਜਾ ਰਿਹਾ ਹੈ। ਵੈਕਸੀਨ ਦੇ ਕਲੀਨੀਕਲ ਅਜ਼ਮਾਇਸ਼ਾਂ ਨੇ ਦਿਖਾਇਆ ਹੈ ਕਿ ਇਹ ਟਿਊਮਰ ਦੇ ਵਾਧੇ ਨੂੰ ਰੋਕਣ ਵਿੱਚ ਮੱਦਦ ਕਰਦਾ ਹੈ।

ਇਸ ਸਾਲ ਦੇ ਸ਼ੁਰੂ ਵਿਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਕਿਹਾ ਸੀ ਕਿ ਰੂਸ ਕੈਂਸਰ ਦੀ ਵੈਕਸੀਨ ਬਣਾਉਣ ਦੇ ਬਹੁਤ ਨੇੜੇ ਹੈ।



mRNA ਜਾਂ ਮੈਸੇਂਜਰ-RNA ਮਨੁੱਖੀ ਜੈਨੇਟਿਕ ਕੋਡ ਦਾ ਇੱਕ ਛੋਟਾ ਜਿਹਾ ਹਿੱਸਾ ਹੈ, ਜੋ ਸਾਡੇ ਸੈੱਲਾਂ ਵਿੱਚ ਪ੍ਰੋਟੀਨ ਬਣਾਉਂਦਾ ਹੈ। ਇਸ ਨੂੰ ਸਰਲ ਭਾਸ਼ਾ ਵਿਚ ਇਹ ਵੀ ਸਮਝਿਆ ਜਾ ਸਕਦਾ ਹੈ ਕਿ ਜਦੋਂ ਕੋਈ ਵਾਇਰਸ ਜਾਂ ਬੈਕਟੀਰੀਆ ਸਾਡੇ ਸਰੀਰ 'ਤੇ ਹਮਲਾ ਕਰਦਾ ਹੈ ਤਾਂ mRNA ਤਕਨੀਕ ਸਾਡੇ ਸੈੱਲਾਂ ਨੂੰ ਉਸ ਵਾਇਰਸ ਜਾਂ ਬੈਕਟੀਰੀਆ ਨਾਲ ਲੜਨ ਲਈ ਪ੍ਰੋਟੀਨ ਬਣਾਉਣ ਦਾ ਸੁਨੇਹਾ ਭੇਜਦੀ ਹੈ।

ਇਸ ਨਾਲ, ਸਾਡੀ ਇਮਿਊਨ ਸਿਸਟਮ ਨੂੰ ਲੋੜੀਂਦੀ ਪ੍ਰੋਟੀਨ ਮਿਲਦੀ ਹੈ ਅਤੇ ਸਾਡੇ ਸਰੀਰ ਵਿੱਚ ਐਂਟੀਬਾਡੀਜ਼ ਬਣਦੇ ਹਨ। ਇਸ ਦਾ ਸਭ ਤੋਂ ਵੱਡਾ ਫਾਇਦਾ ਇਹ ਹੈ ਕਿ ਇਹ ਰਵਾਇਤੀ ਵੈਕਸੀਨ ਨਾਲੋਂ ਜ਼ਿਆਦਾ ਤੇਜ਼ੀ ਨਾਲ ਵੈਕਸੀਨ ਬਣ ਸਕਦੀ ਹੈ। ਇਸ ਦੇ ਨਾਲ ਹੀ ਸਰੀਰ ਦੀ ਇਮਿਊਨਿਟੀ ਵੀ ਮਜ਼ਬੂਤ ਹੁੰਦੀ ਹੈ। mRNA ਤਕਨੀਕ 'ਤੇ ਆਧਾਰਿਤ ਪਹਿਲੀ ਕੈਂਸਰ ਵੈਕਸੀਨ ਹੈ।

## ਡਾ. ਬਲਜੀਤ ਕੌਰ ਵੱਲੋਂ ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਲਈ 28 ਕਰੋੜ ਰੁਪਏ ਤੁਰੰਤ ਜਾਰੀ ਕਰਨ ਦੇ ਹੁਕਮ

ਚੰਡੀਗੜ੍ਹ, 18 ਦਸੰਬਰ (ਪੋਸਟ ਬਿਊਰੋ): ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵੱਲੋਂ ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਦੇ ਪੋਸ਼ਣ ਅਤੇ ਚੰਗੀ ਸਿਹਤ ਨੂੰ ਯਕੀਨੀ ਬਣਾਉਣ ਲਈ ਕਰੀਬ 70 ਹਜ਼ਾਰ ਲਾਭਪਾਤਰੀਆਂ ਨੂੰ 28 ਕਰੋੜ ਰੁਪਏ ਤੁਰੰਤ ਜਾਰੀ ਕਰਨ ਦੇ ਹੁਕਮ ਦਿੱਤੇ ਹਨ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਰਕਾਰ ਗਰਭਵਤੀ ਮਹਿਲਾਵਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਦੇ ਪੋਸ਼ਣ ਅਤੇ ਸਿਹਤ ਸਥਿਤੀ ਨੂੰ ਉੱਚਾ ਚੁੱਕਣ ਲਈ ਲਗਾਤਾਰ ਕਾਰਜਸ਼ੀਲ ਹੈ। ਉਨ੍ਹਾਂ ਦੱਸਿਆ ਕਿ ਮਾਤਰੂ ਵੰਦਨਾ ਯੋਜਨਾ ਸਕੀਮ ਤਹਿਤ ਚਾਲੂ ਵਿੱਤੀ ਸਾਲ ਦੇ ਮਹੀਨਾ ਅਕਤੂਬਰ 2024 ਵਿੱਚ 22 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪਹਿਲੇ ਬੱਚੇ ਦੇ ਜਨਮ ਅਤੇ ਦੂਜੇ ਬੱਚੇ ਲੜਕੀ ਦੇ ਜਨਮ ਤੇ ਕੁੱਲ 65478 ਔਰਤ ਲਾਭਪਾਤਰੀਆਂ ਨੂੰ ਸਿੱਧੀ ਉਨ੍ਹਾਂ ਦੇ ਖਾਤਿਆਂ ਵਿੱਚ ਭੇਜੀ ਜਾ ਚੁੱਕੀ ਹੈ।

# ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨਸ਼ਾ ਮੁਕਤ-ਰੰਗਲਾ ਪੰਜਾਬ ਬਣਾਉਣ ਲਈ ਵੱਡੇ ਪੱਧਰ 'ਤੇ ਨਸ਼ਾ ਵਿਰੋਧੀ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ

ਲੁਧਿਆਣਾ, 18 ਦਸੰਬਰ (ਗਿਆਨ ਸਿੰਘ) ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਲੋਕਾਂ ਨੂੰ ਨਸ਼ਾ ਮੁਕਤ-ਰੰਗਲਾ ਪੰਜਾਬ ਬਣਾਉਣ ਲਈ ਵੱਡੇ ਪੱਧਰ 'ਤੇ ਨਸ਼ਾ ਵਿਰੋਧੀ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ) ਵਿਖੇ ਸਾਰੇ ਧਰਮਾਂ ਦੇ ਲੋਕਾਂ, ਵਿਦਿਅਕ ਸੰਸਥਾਵਾਂ ਦੇ ਮੁਖੀਆਂ ਨਾਲ ਇੱਕ ਮੀਟਿੰਗ ਵਿੱਚ ਰਾਜਪਾਲ ਨੇ ਕਿਹਾ ਕਿ ਪੰਜਾਬ ਮਹਾਨ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਧਰਤੀ ਹੈ ਜਿਨ੍ਹਾਂ ਨੇ ਸੂਬੇ, ਦੇਸ਼ ਅਤੇ ਕੌਮ ਲਈ ਅਥਾਹ ਕੁਰਬਾਨੀਆਂ ਦਿੱਤੀਆਂ ਹਨ। ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਨਸ਼ਿਆਂ ਵਿਰੁੱਧ ਲੜਾਈ ਵਿੱਚ ਆਪਣਾ ਯੋਗਦਾਨ ਪਾਈਏ ਅਤੇ ਨਸ਼ਿਆਂ ਵਿਰੁੱਧ ਜਨਤਕ ਜਾਗਰੂਕਤਾ ਮੁਹਿੰਮ ਚਲਾ ਕੇ ਪੰਜਾਬ ਦੀ ਪ੍ਰਾਚੀਨ ਸ਼ਾਨ ਨੂੰ ਬਹਾਲ ਕਰੀਏ। ਉਨ੍ਹਾਂ ਕਿਹਾ ਕਿ ਦਸ ਸਿੱਖ ਗੁਰੂ ਸਾਹਿਬਾਨ ਦੁਆਰਾ ਦਰਸਾਏ ਗਏ ਰਸਤੇ 'ਤੇ ਚੱਲ ਕੇ ਇਸ ਖ਼ਤਰੇ ਨੂੰ ਹਮੇਸ਼ਾ ਲਈ ਖਤਮ ਕਰਨ ਵਿੱਚ ਮਦਦ ਮਿਲ ਸਕਦੀ ਹੈ।

ਗੁਲਾਬ ਚੰਦ ਕਟਾਰੀਆ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਔਰਤਾਂ ਨੂੰ ਆਪਣੇ ਬੱਚਿਆਂ ਨੂੰ ਨੈਤਿਕ ਤੌਰ 'ਤੇ ਸਹੀ ਮਾਰਗ ਵੱਲ ਸੇਧਿਤ ਕਰਕੇ ਇਸ ਮਿਸ਼ਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣੀ ਪਵੇਗੀ। ਉਨ੍ਹਾਂ ਪੰਜਾਬ ਦੇ ਲੋਕਾਂ, ਖਾਸ ਕਰਕੇ ਔਰਤਾਂ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਦਾ ਸੱਦਾ ਦਿੱਤਾ।

ਰਾਜਪਾਲ ਨੇ ਅੱਗੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰੀ ਯਤਨਾਂ ਤੱਕ ਸੀਮਤ ਨਹੀਂ ਹੋ ਸਕਦੀ। ਜਦੋਂ ਲੋਕ ਆਪਸੀ ਸਮਝ ਅਤੇ ਜ਼ੁੰਮੇਵਾਰੀ ਦੀ ਭਾਵਨਾ ਨਾਲ ਇਕੱਠੇ ਹੋ ਕੇ ਸਰਕਾਰ ਦੇ ਹੱਥ ਮਜ਼ਬੂਤ ਕਰਦੇ ਹਨ, ਤਾਂ ਅਜਿਹੀਆਂ ਮੁਹਿੰਮਾਂ ਦੀ ਸਫਲਤਾ ਹੋਰ ਵੀ ਯਕੀਨੀ ਹੋ ਜਾਂਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਕਾਨੂੰਨ ਆਪਣਾ ਕੰਮ ਕਰ ਰਿਹਾ ਹੈ, ਤਾਂ ਸਾਨੂੰ ਸਾਰਿਆਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਨਸ਼ਾ ਮੁਕਤ ਭਵਿੱਖ ਬਣਾਉਣ ਲਈ ਇਸ ਮਿਸ਼ਨ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਨੂੰ ਖਤਮ ਕਰਕੇ ਪੰਜਾਬ ਨਾ ਸਿਰਫ਼ ਦੇਸ਼ ਦੇ ਅੰਦਰ ਮਜ਼ਬੂਤ ਹੋ ਕੇ ਉੱਭਰ ਸਕਦਾ ਹੈ, ਸਗੋਂ ਇੱਕ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ।

ਨਸ਼ਾ ਵਿਰੋਧੀ ਮੁਹਿੰਮ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਲਈ ਉਨ੍ਹਾਂ ਦੇ ਸਮਰਥਨ ਦੀ ਮੰਗ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਜਨਵਰੀ 2025 ਵਿੱਚ ਹਰ ਘਰ ਵਿੱਚ ਨਸ਼ਿਆਂ ਦੇ ਖਾਤਮੇ ਦਾ ਸੁਨੇਹਾ ਫੈਲਾਉਣ ਲਈ ਇੱਕ ਨਿਰੰਤਰ 10 ਦਿਨਾਂ ਦਾ ਵਾਕਾਥੌਨ ਆਯੋਜਿਤ ਕੀਤਾ ਜਾਵੇਗਾ।

Tech Spirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜ਼ਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਅੰਦੋਲਨ ਕਰ ਰਹੇ ਕਿਸਾਨ ਸਿੱਧਾ ਸਾਡੇ ਕੋਲ ਆਉਣ : ਸੁਪਰੀਮ ਕੋਰਟ

## ਕਿਹਾ- ਕਿਸਾਨ ਆਗੂ ਡੱਲੇਵਾਲ ਲੋਕ ਨੇਤਾ ਹਨ, ਉਨ੍ਹਾਂ ਦਾ ਤੰਦਰੁਸਤ ਰਹਿਣਾ ਜ਼ਰੂਰੀ



ਚੰਡੀਗੜ੍ਹ, 18 ਦਸੰਬਰ (ਪੋਸਟ ਬਿਊਰੋ): ਕਿਸਾਨ ਅੰਦੋਲਨ 'ਤੇ ਸੁਣਵਾਈ ਦੌਰਾਨ ਸੁਪਰੀਮ ਕੋਰਟ ਨੇ ਕਿਹਾ ਕਿ ਕਿਸਾਨਾਂ ਲਈ ਸਾਡੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ। ਉਹ ਆਪਣੇ ਸੁਝਾਅ ਜਾਂ ਮੰਗਾਂ ਲੈ ਕੇ ਸਿੱਧੇ ਸਾਡੇ ਕੋਲ ਆ ਸਕਦੇ ਹਨ ਜਾਂ ਆਪਣੇ ਨੁਮਾਇੰਦੇ ਭੇਜ ਸਕਦੇ ਹਨ।

ਸੁਪਰੀਮ ਕੋਰਟ ਨੇ ਖਨੌਰੀ ਸਰਹੱਦ 'ਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ 'ਤੇ ਵੀ ਪੰਜਾਬ ਸਰਕਾਰ ਤੋਂ ਜਵਾਬ ਮੰਗਿਆ ਹੈ। ਪੰਜਾਬ ਦੇ ਅਟਾਰਨੀ ਜਨਰਲ ਗੁਰਮਿੰਦਰ ਸਿੰਘ ਨੇ ਕਿਹਾ ਕਿ ਡੱਲੇਵਾਲ ਨਾਲ ਗੱਲਬਾਤ ਹੋਈ ਹੈ। ਉਨ੍ਹਾਂ ਨੇ ਆਪਣਾ ਮੈਡੀਕਲ ਟੈਸਟ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਹੈ। ਉਨ੍ਹਾਂ ਦੇ ਸਾਰੇ ਜ਼ਰੂਰੀ ਅੰਗ ਠੀਕ ਤਰ੍ਹਾਂ ਕੰਮ ਕਰ ਰਹੇ ਹਨ।

ਸੁਪਰੀਮ ਕੋਰਟ ਨੇ ਹੁਕਮਾਂ ਵਿੱਚ ਕਿਹਾ ਕਿ ਜੇਕਰ ਡੱਲੇਵਾਲ ਨੂੰ ਕੁਝ ਹੁੰਦਾ ਹੈ ਅਤੇ ਦੋਸ਼ ਲਗਦੇ ਹਨ ਤਾਂ ਇਹ ਸੂਬਾ ਸਰਕਾਰ ਲਈ ਚੰਗਾ ਨਹੀਂ ਹੋਵੇਗਾ। ਰਾਜ ਸਰਕਾਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਨ੍ਹਾਂ ਨੂੰ ਸਾਰੀਆਂ ਮੈਡੀਕਲ ਸਹੂਲਤਾਂ ਮਿਲਣ।

# ਧੁੰਦ ਦੇ ਮੌਸਮ ਦੇ ਮੱਦੇਨਜ਼ਰ ਵਾਹਨਾਂ ਤੇ ਰਿਫ਼ਲੈਕਟਰ ਲਾਏ ਗਏ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, 18 ਦਸੰਬਰ (ਗਿਆਨ ਸਿੰਘ): ਐੱਸ ਐੱਸ ਪੀ ਦੀਪਕ ਪਾਰਿਕ ਅਤੇ ਐੱਸ ਪੀ (ਟ੍ਰੈਫਿਕ) ਹਰਿੰਦਰ ਸਿੰਘ ਮਾਨ ਵੱਲੋਂ ਜ਼ਿਲ੍ਹਾ ਐਸ.ਏ.ਐਸ.ਨਗਰ ਵਿੱਚ ਸੜਕ ਹਾਦਸਿਆਂ ਨੂੰ ਠੱਲ੍ਹ ਪਾਉਣ ਲਈ ਚਲਾਈ ਗਈ ਮੁਹਿੰਮ ਤਹਿਤ ਕਰਨੈਲ ਸਿੰਘ, ਉਪ ਕਪਤਾਨ ਪੁਲਿਸ, ਟ੍ਰੈਫਿਕ ਵੱਲੋਂ ਸਰਬਤ ਦਾ ਭਲਾ ਟਰੱਸਟ ਨਾਲ ਮਿੱਲ ਕੇ ਵਪਾਰਕ ਵਾਹਨਾਂ (ਟਰੱਕ, ਟੈਂਪੂ, ਟਰੈਕਟਰ ਟਰਾਲੀ,ਬੱਸਾ, ਟਿੱਪਰ ਆਦਿ) 'ਤੇ ਰਿਫਲੈਕਟਰ ਲਗਾਏ ਗਏ ਤਾਂ ਜੋ ਧੁੰਦ ਦੇ ਮੌਸਮ ਦੌਰਾਨ ਕੋਈ ਵੀ ਅਣਸੁਖਾਵੀ ਘਟਨਾ ਨਾ ਵਾਪਰ ਸਕੇ।

ਉਪ ਕਪਤਾਨ ਪੁਲਿਸ, ਟ੍ਰੈਫਿਕ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਧੁੰਦ ਦੇ ਮੌਸਮ ਵਿੱਚ ਐਕਸੀਡੈਂਟਾ ਤੋਂ ਬਚਣ ਲਈ ਆਪਣੇ ਵਾਹਨਾਂ ਦੀਆਂ ਪਾਰਕਿੰਗ ਲਾਈਟਾਂ ਨੂੰ ਠੀਕ ਰੱਖੋ ਅਤੇ ਗੱਡੀ ਖਰਾਬ ਹੋਣ ਦੀ ਸੂਰਤ ਵਿੱਚ ਆਪਣੀ ਗੱਡੀ ਨੂੰ ਸੜਕ ਤੋਂ ਇੱਕ ਪਾਸੇ ਤੇ ਖੜੀ ਕਰਕੇ, ਪਾਰਕਿੰਗ ਬਲਿੰਕਰਜ਼ ਨੂੰ ਚਾਲੂ ਰੱਖੋ। ਗੱਡੀ ਦੀ ਐਮਰਜੈਂਸੀ ਕਿੱਟ ਨਾਲ ਮਿੱਲੀ ਰਿਫ਼ਲੈਕਟਰ ਕੋਨ ਨੂੰ ਗੱਡੀ ਤੋਂ ਕਰੀਬ 25-30 ਫੁੱਟ ਦੀ ਦੂਰੀ 'ਤੇ ਇਸ਼ਾਰਾ ਦੇਣ ਲਈ ਰੱਖੋ। ਖੱਬੇ ਜਾਂ ਸੱਜੇ ਮੁੜਨ ਸਮੇਂ ਹਮੇਸ਼ਾਂ ਇੰਡੀਕੇਟਰ ਦੀ ਵਰਤੋਂ ਕਰੋ ਅਤੇ ਸੜਕ 'ਤੇ ਗੱਡੀ ਚਲਾਉਂਦੇ ਸਮੇਂ ਅੱਗੇ ਜਾ ਰਹੇ ਵਾਹਨ ਤੋਂ ਉਚਿਤ ਦੂਰੀ ਬਣਾ ਕੇ ਰੱਖੋ।

ਸਾਰੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਗਈ ਕਿ ਧੁੰਦ ਦੇ ਮੌਸਮ ਦੌਰਾਨ ਸੜਕ ਤੇ ਵਹੀਕਲ ਚਲਾਉਂਦੇ ਸਮੇਂ ਆਵਾਜਾਈ ਨਿਯਮਾਂ ਪੂਰਣ ਪਾਲਣਾ ਕੀਤੀ ਜਾਵੇ ਤੇ ਆਮ ਦਿਨਾਂ ਨਾਲੋਂ ਜ਼ਿਆਦਾ ਸਾਵਧਾਨੀ ਵਰਤੀ ਜਾਵੇ।

# ਬ੍ਰਿਟੇਨ ਦੇ ਪ੍ਰਿੰਸ 'ਤੇ ਚੀਨੀ ਜਾਸੂਸ ਨਾਲ ਨੇੜਤਾ ਹੋਣ ਦਾ ਦੋਸ਼, ਸਾਬਕਾ ਪ੍ਰਧਾਨ ਮੰਤਰੀ ਕੈਮਰਨ ਦਾ ਨਾਂ ਵੀ ਸ਼ਾਮਿਲ

ਲੰਡਨ, 18 ਦਸੰਬਰ (ਪੋਸਟ ਬਿਊਰੋ): ਬ੍ਰਿਟੇਨ ਦੇ ਪ੍ਰਿੰਸ ਐਂਡਰਿਊ 'ਤੇ ਚੀਨੀ ਜਾਸੂਸ ਦੇ ਕਰੀਬੀ ਹੋਣ ਦਾ ਦੋਸ਼ ਲੱਗਾ ਹੈ। ਪ੍ਰਿੰਸ ਐਂਡਰਿਊ ਚੀਨੀ ਕਾਰੋਬਾਰੀ ਯਾਂਗ ਟੇਂਗਬੋ ਨਾਲ ਨਜ਼ਦੀਕੀ ਸਬੰਧਾਂ ਕਾਰਨ ਜਾਂਚ ਦੇ ਘੇਰੇ ਵਿੱਚ ਹੈ। ਯਾਂਗ ਟੇਂਗਬੋ 'ਤੇ ਚੀਨ ਲਈ ਜਾਸੂਸੀ ਕਰਨ ਦਾ ਦੋਸ਼ ਹੈ।

ਯਾਂਗ ਟੇਂਗਬੋ ਹੁਣ ਤੱਕ ਕੋਡ ਨਾਮ ਐੱਚ6 ਨਾਲ ਜਾਣਿਆ ਜਾਂਦਾ ਸੀ। ਹਾਲਾਂਕਿ ਸੋਮਵਾਰ ਨੂੰ ਇਕ ਅਦਾਲਤ ਨੇ ਉਸ ਦਾ ਨਾਂ ਜਨਤਕ ਨਾ ਕਰਨ ਦੇ ਹੁਕਮ ਨੂੰ ਹਟਾ ਦਿੱਤਾ। ਇਸ ਤੋਂ ਬਾਅਦ ਯਾਂਗ ਦੀ ਪਛਾਣ ਜਨਤਕ ਕੀਤੀ ਗਈ।

ਇਸ ਦੌਰਾਨ ਪ੍ਰਿੰਸ ਐਂਡਰਿਊ ਨੇ ਯਾਂਗ ਨਾਲ ਸਬੰਧਾਂ ਦੇ ਦੋਸ਼ਾਂ ਤੋਂ ਬਾਅਦ ਸ਼ਾਹੀ ਪਰਿਵਾਰ ਦੇ ਕ੍ਰਿਸਮਸ ਤਿਉਹਾਰ ਤੋਂ ਦੂਰ ਰਹਿਣ ਦਾ ਫੈਸਲਾ ਕੀਤਾ ਹੈ। ਉਹ ਇਸ ਸਾਲ ਸਮਾਗਮ ਵਿੱਚ ਸ਼ਾਮਿਲ ਨਹੀਂ ਹੋਣਗੇ। ਪ੍ਰਿੰਸ ਐਂਡਰਿਊ ਬ੍ਰਿਟੇਨ ਦੀ ਸਾਬਕਾ ਮਹਾਰਾਣੀ ਐਲਿਜ਼ਾਬੈਥ ਦੇ ਤੀਜੇ ਬੱਚੇ ਅਤੇ ਮੌਜੂਦਾ ਰਾਜਾ ਚਾਰਲਸ ਦੇ ਵਿਚਕਾਰਲੇ ਭਰਾ ਹਨ। ਉਨ੍ਹਾਂ ਨੂੰ ਡਿਊਕ ਆਫ਼ ਯਾਰਕ ਵਜੋਂ ਵੀ ਜਾਣਿਆ ਜਾਂਦਾ ਹੈ।



ਯਾਂਗ ਟੇਂਗਬੋ (50) ਜਿਸਨੂੰ ਕ੍ਰਿਸ ਯਾਂਗ ਵੀ ਕਿਹਾ ਜਾਂਦਾ ਹੈ। ਯਾਂਗ ਹੈਮਪਟਨ ਗਰੁੱਪ ਇੰਟਰਨੈਸ਼ਨਲ, ਇੱਕ ਸਲਾਹਕਾਰ ਕੰਪਨੀ ਦਾ ਡਾਇਰੈਕਟਰ ਹੈ। ਇਹ ਕੰਪਨੀ ਬ੍ਰਿਟਿਸ਼ ਕੰਪਨੀਆਂ ਨੂੰ ਚੀਨ ਵਿੱਚ ਆਪਣੇ ਸੰਚਾਲਨ ਲਈ ਸਲਾਹ ਦੇਣ ਦਾ ਕੰਮ ਕਰਦੀ ਹੈ।

ਯਾਂਗ ਟੇਂਗਬੋ ਨੂੰ ਪਹਿਲਾਂ ਯੂਕੇ ਦੇ ਸਾਬਕਾ ਪ੍ਰਧਾਨ ਮੰਤਰੀ ਡੇਵਿਡ ਕੈਮਰਨ ਅਤੇ ਥੇਰੇਸਾ ਮੇਅ ਵਰਗੇ ਪ੍ਰਮੁੱਖ ਸਿਆਸਤਦਾਨਾਂ ਨਾਲ ਦੇਖਿਆ ਗਿਆ ਹੈ। ਪ੍ਰਿੰਸ ਐਂਡਰਿਊ ਨੇ ਚੀਨੀ ਕਾਰੋਬਾਰਾਂ ਨੂੰ ਉਤਸ਼ਾਹਿਤ ਕਰਨ ਲਈ ਪੈਲੇਸ ਚਾਈਨਾ ਪਲੇਟਫਾਰਮ 'ਤੇ ਇੱਕ ਪਿੱਚ ਬਣਾਇਆ। ਯਾਂਗ ਇਸ ਪਲੇਟਫਾਰਮ ਵਿੱਚ ਸ਼ਾਮਿਲ ਇੱਕ ਮਹੱਤਵਪੂਰਨ ਵਿਅਕਤੀ ਹੈ।

ਯਾਂਗ 'ਤੇ ਚੀਨੀ ਕਮਿਊਨਿਸਟ ਪਾਰਟੀ (ਸੀਸੀਪੀ) ਲਈ ਸ਼ੱਕੀ ਗਤੀਵਿਧੀਆਂ ਵਿੱਚ ਸ਼ਾਮਿਲ ਹੋਣ ਦਾ ਦੋਸ਼ ਹੈ। ਬ੍ਰਿਟੇਨ ਦੀ ਖੁਫੀਆ ਏਜੰਸੀ -5 ਨੇ ਯਾਂਗ 'ਤੇ ਰਾਸ਼ਟਰੀ ਸੁਰੱਖਿਆ ਲਈ ਖਤਰਾ ਪੈਦਾ ਕਰਨ ਦਾ ਦੋਸ਼ ਲਗਾਇਆ ਸੀ। ਅਦਾਲਤ ਨੇ ਏਜੰਸੀ ਦੀ ਰਿਪੋਰਟ ਨੂੰ ਸਵੀਕਾਰ ਕਰ ਲਿਆ ਅਤੇ ਯਾਂਗ ਦੀ ਅਪੀਲ ਨੂੰ ਰੱਦ ਕਰ ਦਿੱਤਾ।

# ਬੀਕਾਨੇਰ ਫੀਲਡ ਫਾਇਰਿੰਗ ਰੇਂਜ 'ਚ ਧਮਾਕਾ, 2 ਜਵਾਨ ਸ਼ਹੀਦ

ਬੀਕਾਨੇਰ, 18 ਦਸੰਬਰ (ਪੋਸਟ ਬਿਊਰੋ): ਰਾਜਸਥਾਨ ਦੇ ਬੀਕਾਨੇਰ ਵਿੱਚ ਮਹਾਜਨ ਫੀਲਡ ਫਾਇਰਿੰਗ ਰੇਂਜ ਦੇ ਉੱਤਰੀ ਕੈਂਪ ਵਿੱਚ ਅਭਿਆਸ ਦੌਰਾਨ ਧਮਾਕੇ ਵਿੱਚ ਦੋ ਜਵਾਨਾਂ ਦੀ ਮੌਤ ਹੋ ਗਈ। ਇੱਕ ਸਿਪਾਹੀ ਗੰਭੀਰ ਜ਼ਖਮੀ ਹੈ। ਉਸ ਨੂੰ ਸੂਰਤਗੜ੍ਹ ਦੇ ਮਿਲਟਰੀ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ।



ਮਹਾਜਨ ਫੀਲਡ ਫਾਇਰਿੰਗ ਰੇਂਜ ਵਿੱਚ 4 ਦਿਨਾਂ ਵਿੱਚ ਇਹ ਦੂਜਾ ਹਾਦਸਾ ਹੈ। ਦੋਨਾਂ ਹਾਦਸਿਆਂ ਵਿੱਚ 3 ਜਵਾਨਾਂ ਦੀ ਮੌਤ ਹੋ ਗਈ ਹੈ।

ਫੌਜ ਦੇ ਬੁਲਾਰੇ ਅਮਿਤਾਭ ਸ਼ਰਮਾ ਨੇ ਦੱਸਿਆ ਕਿ ਇਹ ਹਾਦਸਾ ਫਾਇਰਿੰਗ ਰੇਂਜ ਦੇ ਚਾਰਲੀ ਸੈਂਟਰ 'ਚ ਵਾਪਰਿਆ, ਜਿੱਥੇ ਫੌਜੀ ਅਭਿਆਸ ਚੱਲ ਰਿਹਾ ਸੀ। ਸਵੇਰੇ ਤੋਪ ਦਾਗਦੇ ਸਮੇਂ ਅਚਾਨਕ ਧਮਾਕਾ ਹੋਇਆ। ਇਸ ਦੌਰਾਨ ਹੈੱਡ ਕਾਂਸਟੇਬਲ ਆਸ਼ੂਤੋਸ਼ ਮਿਸ਼ਰਾ ਵਾਸੀ ਦੇਵਰੀਆ (ਉੱਤਰ ਪ੍ਰਦੇਸ਼) ਅਤੇ ਗਨਰ ਜਤਿੰਦਰ ਸਿੰਘ ਵਾਸੀ ਦੌਸਾ (ਰਾਜਸਥਾਨ) ਅਤੇ ਇੱਕ ਹੋਰ ਸਿਪਾਹੀ ਇਸ ਦੀ ਲਪੇਟ ਵਿੱਚ ਆ ਗਏ। ਹੈੱਡ ਕਾਂਸਟੇਬਲ ਆਸ਼ੂਤੋਸ਼ ਮਿਸ਼ਰਾ ਅਤੇ ਗਨਰ ਜਤਿੰਦਰ ਸਿੰਘ ਦੀ ਮੌਤ ਹੋ ਗਈ, ਜਦਕਿ ਜ਼ਖਮੀਆਂ ਦਾ ਫੌਜੀ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।

ਜ਼ਿਕਰਯੋਗ ਹੈ ਕਿ ਐਤਵਾਰ ਨੂੰ ਵੀ ਬੀਕਾਨੇਰ ਦੇ ਮਹਾਜਨ ਫੀਲਡ ਫਾਇਰਿੰਗ ਰੇਂਜ 'ਚ ਇਕ ਜਵਾਨ ਦੀ ਮੌਤ ਹੋ ਗਈ ਸੀ। 15 ਦਸੰਬਰ ਨੂੰ ਗੋਲੀਬਾਰੀ ਰੇਂਜ ਦੇ ਪੂਰਬੀ ਕੈਂਪ ਵਿੱਚ ਯੁਧ ਅਭਿਆਸ ਚੱਲ ਰਿਹਾ ਸੀ। ਹੌਲਦਾਰ ਚੰਦਰ ਪ੍ਰਕਾਸ਼ ਪਟੇਲ (31) ਵਾਸੀ ਨਰਾਇਣਪੁਰ, ਜਮੂਆ ਬਾਜ਼ਾਰ ਕਛੂਵਾ, ਮਿਰਜ਼ਾਪੁਰ (ਯੂ.ਪੀ.) ਫੌਜ ਦੀ ਤੋਪਖਾਨਾ 199 ਮੀਡੀਅਮ ਰੈਜੀਮੈਂਟ ਤੋਪ ਨੂੰ ਟੋਇੰਗ ਗੱਡੀ ਨਾਲ ਜੋੜ ਰਿਹਾ ਸੀ।

ਇਸ ਦੌਰਾਨ ਤੋਪ ਫਿਸਲ ਗਈ ਅਤੇ ਚੰਦਰਪ੍ਰਕਾਸ਼ ਦੋਹਾਂ ਵਿਚਕਾਰ ਫਸ ਗਿਆ। ਉਸ ਨੂੰ ਗੰਭੀਰ ਹਾਲਤ ਵਿਚ ਸੂਰਤਗੜ੍ਹ ਆਰਮੀ ਹਸਪਤਾਲ ਲਿਜਾਇਆ ਗਿਆ। ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਚੰਦਰ ਪ੍ਰਕਾਸ਼ ਪਟੇਲ 13 ਸਾਲਾਂ ਤੋਂ ਫੌਜ ਵਿੱਚ ਸਨ।

# ਸਾਲਾਨਾ ਕਰਜ਼ਾ ਯੋਜਨਾ ਦੇ ਟੀਚੇ ਹਰ ਹਾਲ ਪੂਰੇ ਕੀਤੇ ਜਾਣ : ਵਧੀਕ ਡਿਪਟੀ ਕਮਿਸ਼ਨਰ

*ਸਰਕਾਰੀ ਯੋਜਨਾਵਾਂ ਦਾ ਲਾਭ ਵੱਧ ਤੋਂ ਵੱਧ ਯੋਗ ਲੋਕਾਂ ਨੂੰ ਦਿਵਾਉਣ ਲਈ ਯਤਨ ਕਰਨੇ ਚਾਹੀਦੇ ਹਨ : ਚਾਰੂਮਿਤਾ

*ਜ਼ਿਲ੍ਹਾ ਪੱਧਰੀ ਰਿਵਿਊ ਕਮੇਟੀ ਦੀ ਮੀਟਿੰਗ ਦੌਰਾਨ ਵੱਖ ਵੱਖ ਬੈਂਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ



ਮੋਗਾ, 18 ਦਸੰਬਰ (ਗਿਆਨ ਸਿੰਘ): ਵਧੀਕ ਡਿਪਟੀ ਕਮਿਸ਼ਨਰ (ਜ) ਚਾਰੂਮਿਤਾ ਨੇ ਕਿਹਾ ਹੈ ਕਿ ਜੋ ਸਾਲਾਨਾ ਕਰਜ਼ਾ ਯੋਜਨਾਵਾਂ ਬਣਾਈਆਂ ਜਾਂਦੀਆਂ ਹਨ ਉਹ ਕਿਸੇ ਵੀ ਜ਼ਿਲ੍ਹੇ ਦੇ ਆਰਥਿਕ ਅਤੇ ਹੋਰ ਪੱਖਾਂ ਦੇ ਸੰਦਰਭ ਵਿੱਚ ਹੀ ਬਣਾਈਆਂ ਜਾਂਦੀਆਂ ਹਨ। ਇਸ ਲਈ ਉਹਨਾਂ ਜ਼ਿਲ੍ਹਾ ਮੋਗਾ ਵਿੱਚ ਕੰਮ ਕਰ ਰਹੀਆਂ ਬੈਂਕਾਂ ਦੇ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਹੈ ਕਿ ਇਸ ਯੋਜਨਾ ਦੇ ਸਾਲਾਨਾ ਟੀਚੇ ਨੂੰ ਪ੍ਰਾਪਤ ਕਰਨਾ ਹਰੇਕ ਬੈਂਕ ਦਾ ਫਰਜ਼ ਬਣਦਾ ਹੈ। ਉਹ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਪੱਧਰੀ ਰਿਵਿਊ ਕਮੇਟੀ ਦੀ ਮੀਟਿੰਗ ਦੌਰਾਨ ਵੱਖ ਵੱਖ ਬੈਂਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰ ਰਹੇ ਸਨ।

ਮੀਟਿੰਗ ਦੌਰਾਨ ਉਹਨਾਂ ਕਿਹਾ ਕਿ ਬੈਂਕਾਂ ਨੂੰ ਖੇਤੀਬਾੜੀ ਖੇਤਰ ਅਤੇ ਹੋਰ ਤਰਜੀਹੀ ਖੇਤਰਾਂ ਦੇ ਟੀਚੇ ਹਰ ਹਾਲ ਵਿੱਚ ਪ੍ਰਾਪਤ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਦੱਸਣਯੋਗ ਹੈ ਇਸ ਤਿਮਾਹੀ ਦੌਰਾਨ ਤਰਜੀਹੀ ਖੇਤਰ ਵਿੱਚ 96 ਫੀਸਦੀ, ਖੇਤੀਬਾੜੀ ਖੇਤਰ ਵਿੱਚ 124 ਫੀਸਦੀ ਅਤੇ ਐੱਮ ਐੱਸ ਐੱਮ ਈ ਖੇਤਰ ਵਿੱਚ 37 ਫੀਸਦੀ ਟੀਚਾ ਪ੍ਰਾਪਤ ਕੀਤਾ ਗਿਆ ਹੈ। ਜੋ ਕਿ ਕੁੱਲ 87 ਫੀਸਦੀ ਬਣਦਾ ਹੈ। ਇਸਨੂੰ ਹੋਰ ਵਧਾਉਣ ਬਾਰੇ ਕਿਹਾ ਗਿਆ।


ਉਹਨਾਂ ਕਿਹਾ ਕਿ ਦੇਖਣ ਵਿਚ ਆਇਆ ਹੈ ਕਿ ਕਈ ਬੈਂਕਾਂ ਵਾਲਿਆਂ ਨੂੰ ਖੁਦ ਹੀ ਕਈ ਲੋਕ ਹਿੱਤ ਸਕੀਮਾਂ ਦੀ ਜਾਣਕਾਰੀ ਨਹੀਂ ਹੈ। ਜਾਣਕਾਰੀ ਦੀ ਅਣਹੋਂਦ ਵਿੱਚ ਉਹ ਆਮ ਲੋਕਾਂ ਨੂੰ ਵੀ ਜਾਣਕਾਰੀ ਦੇਣ ਵਿੱਚ ਅਸਮਰੱਥ ਹੁੰਦੇ ਹਨ। ਇਹੀ ਕਾਰਨ ਹੈ ਕਿ ਕਈ ਲੋੜਵੰਦ ਲੋਕ ਇਹਨਾਂ ਸਕੀਮਾਂ ਦਾ ਲਾਭ ਲੈਣ ਤੋਂ ਵੀ ਵਾਂਝੇ ਰਹਿ ਜਾਂਦੇ ਹਨ। ਉਹਨਾਂ ਨੇ ਲੀਡ ਬੈਂਕ ਨੂੰ ਹਦਾਇਤ ਕੀਤੀ ਕਿ ਇਸ ਸਬੰਧੀ ਬੈਂਕਾਂ ਵਾਲਿਆਂ ਅਤੇ ਆਮ ਲੋਕਾਂ ਦੀ ਜਾਣਕਾਰੀ ਲਈ ਜਾਗਰੂਕਤਾ ਕੈਂਪ ਲਗਾਏ ਜਾਣ।

ਉਹਨਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਪ੍ਰਧਾਨ ਮੰਤਰੀ ਸੁਰਕਸ਼ਾ ਬੀਮਾ ਯੋਜਨਾ, ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ, ਪ੍ਰਧਾਨ ਮੰਤਰੀ ਜਨ ਧਨ ਯੋਜਨਾ, ਅੱਟਲ ਪੈਨਸ਼ਨ ਯੋਜਨਾ ਆਦਿ ਆਮ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਕਾਫੀ ਮਹੱਤਵਪੂਰਨ ਹਨ। ਇਸ ਕਰਕੇ ਇਹਨਾਂ ਯੋਜਨਾਵਾਂ ਦਾ ਲਾਭ ਵੱਧ ਤੋਂ ਵੱਧ ਯੋਗ ਲੋਕਾਂ ਨੂੰ ਦਿਵਾਉਣ ਲਈ ਯਤਨ ਕਰਨੇ ਚਾਹੀਦੇ ਹਨ। ਉਹਨਾਂ ਬੈਂਕਾਂ ਨੂੰ ਕਿਹਾ ਕਿ ਇਸ ਸਬੰਧੀ ਕੈਂਪ ਲਗਾਏ ਜਾਣ। ਦਿਹਾਤੀ ਖੇਤਰਾਂ ਦੀਆਂ ਬੈਂਕਾਂ ਵੀ ਕੈਂਪ ਲਗਾਉਣਾ ਜ਼ਰੂਰੀ ਬਣਾਉਣ। ਲੋਨ ਮਨਜ਼ੂਰ ਨਾ ਹੋਣ ਕਾਰਨ ਲੋਕ ਪਿੱਛੇ ਹੱਟ ਜਾਂਦੇ ਹਨ ਅਤੇ ਉਹ ਆਪਣੇ ਪੈਰਾਂ ਉੱਤੇ ਖੜ੍ਹੇ ਨਹੀਂ ਹੋ ਸਕਦੇ।

ਉਹਨਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸਰਕਾਰੀ ਕਰਜ਼ਾ ਸਕੀਮਾਂ ਦਾ ਲਾਭ ਹਰੇਕ ਨੂੰ ਮਿਲੇ। ਇਹ ਵਿਭਾਗਾਂ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਸਿਰਫ ਯੋਗ ਵਿਅਕਤੀਆਂ ਦਾ ਹੀ ਅਪਲਾਈ ਕਰਵਾਇਆ ਜਾਵੇ। ਤਾਂ ਜੋ ਬੈਂਕਾਂ ਵਾਲਿਆਂ ਦਾ ਸਮਾਂ ਬਰਬਾਦ ਨਾ ਹੋਵੇ। ਮੀਟਿੰਗ ਵਿੱਚ ਲੀਡ ਬੈਂਕ ਮੈਨੇਜਰ ਚਿਰੰਜੀਵ ਸਿੰਘ ਅਤੇ ਹੋਰ ਵੀ ਮੌਜੂਦ ਸਨ।








ੴ ਸ਼ਹੀਦੀ ਸਮਾਗਮ ੴ

ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਸੰਗਤਾ ਵਲੋਂ
ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ, ਮਾਲਟਨ ਗੁਰੂਘਰ।

ਦਸਵੀਂ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ੍ਰੀ ਮਾਛੀਵਾੜੇ ਸਾਹਿਬ ਦੀ ਧਰਤੀ 'ਤੇ ਪਹੁੰਚਣ ਤੇ ਉਹਨਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਅਤੇ ਚਾਰੇ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ ਤੇ ਸਭਾ ਵਿੱਚ ਸ਼ਹੀਦ ਹੋਏ ਸਾਰੇ ਸਿੰਘਾਂ ਸਿੰਘਣੀਆਂ ਨੂੰ ਸਮਰਪਿਤ ਪਿਛਲੇ ਸਾਲਾਂ ਦੀ ਤਰ੍ਹਾਂ ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਮਾਲਟਨ ਗੁਰੂ ਘਰ ਵਿਖੇ ਮਿਤੀ 23 ਦਸੰਬਰ ਨੂੰ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਹਨਾਂ ਦੇ ਭੋਗ 25 ਦਸੰਬਰ ਨੂੰ ਮੇਨ ਹਾਲ ਵਿੱਚ ਪਾਏ ਜਾਣਗੇ। ਕਿਰਪਾ ਕਰਕੇ ਸਭ ਸੰਗਤ ਤਿੰਨ ਦਿਨ ਗੁਰੂ ਘਰ ਵਿਖੇ ਹੁੰਮ ਹੁਮਾ ਕੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ।

ਹੋਰ ਜਾਣਕਾਰੀ ਲਈ ਸੰਪਰਕ ਕਰੋ ਜੀ – ਗੁਰਪ੍ਰੀਤ ਸਿੰਘ ਉਪਲ 647-207-1887, ਸਤਪਾਲ ਸਿੰਘ ਗਰੇਵਾਲ 519-405-0075, ਜਸਵੰਤ ਸਿੰਘ 647-207-1887, ਉਜਾਗਰ ਸਿੰਘ ਗਿੱਲ 647-203-4090, ਕਾਕਾ ਸਿੰਘ ਤੱਖਰਾ 647-400-9991


The Mortgage Centre
We work for you, not the lenders.
Second Mortgage
Debt Consolidation
Renovations & Repairs
Avoiding High penalities
No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....
if you are looking for independent mortgage or protection advice....
We're here to help.
* Competitive rates
* Flexible terms
* Fast approval process
For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5
Rexdale Financial Services


Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com
CALL JAG FOR A QUICK & FREE HOME EVALUATION
www BramptonTopRealtor.com
www BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA
NEW Listing in *MISSISSAUGA*
Winston Churchill/Collegeway/Council Ring
Approx. 2000 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 3 ਵਾਸ਼ਰੂਮ 2 ਬੈਡਰੂਮ ਫਿਨੀਸ਼ਡ ਬੇਸਮੇਂਟ,3 ਕਾਰ ਪਾਰਕਿੰਗ। No ਕਾਰਪੇਟ। Eat-in ਕੀਚਨ with Granite ਕਾਊਂਟਰਟੋਪ। Family Rm with Fireplace, Stainless Steel Appliances. Spacious Living Rm & Bed Rms. Close to Hwy 403 , QEW , Hwy 407
NEW Listing in *BRAMPTON*
James Potter/Queen/Bonnie Brae
Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.
Listed in *BRAMPTON*
Bovaird/Mclaughlin/Fletchers Creek
2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੂਇਟ, Walk-in ਕਲੋਜ਼ਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡੀਡ।
NEW Listing in *BRAMPTON*
Hwy 10/Sandalwood/Braidwood
50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੋਜ਼ਿਟ,No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.
NEW Listing in *BRAMPTON*
Chinguacousy/Williams Pkwy/Bovaird
ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.
Listed in *MISSISSAUGA*
Burnhamthorpe/Confederation
900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀਚਨ ਕੇਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.
FREE
✓ Full MLS Services
✓ Consistently Marketing Your Property Until SOLD
✓ Competitive Rates, Exceptional Service & Award Winning Results
✓ Staging Consultation
✓ Billboard, Flyer, Newspaper
✓ Online Promotion
✓ Professional Pictures and Virtual Tour
✓ Social media & Radio Advertisement
✓ Open House Until Sold
RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022


PURBA APPRAISALS INC.
WE PROVIDE RESIDENTIAL REAL ESTATE APPRAISAL SERVICES FOR:
•Mortgage Financing
•Tax/Capital Gain
•Divorce/Separation of Assets
•Litigation Support
•Pre-listing Appraisals
Gurpreet Purba
Broker, CRA
416-669-1423
www.purbahomes.com